ਸੋਰਠਿ ਮਹਲਾ ੫ ॥ ਰਤਨੁ ਛਾਡਿ ਕਉਡੀ ਸੰਗਿ ਲਾਗੇ ਜਾ ਤੇ ਕਛੂ ਨ ਪਾਈਐ ॥ ਪੂਰਨ ਪਾਰਬ੍ਰਹਮ ਪਰਮੇਸੁਰ ਮੇਰੇ ਮਨ ਸਦਾ ਧਿਆਈਐ ॥੧॥ ਸਿਮਰਹੁ ਹਰਿ ਹਰਿ ਨਾਮੁ ਪਰਾਨੀ ॥ ਬਿਨਸੈ ਕਾਚੀ ਦੇਹ ਅਗਿਆਨੀ ॥ ਰਹਾਉ ॥ ਮ੍ਰਿਗ ਤ੍ਰਿਸਨਾ ਅਰੁ ਸੁਪਨ ਮਨੋਰਥ ਤਾ ਕੀ ਕਛੁ ਨ ਵਡਾਈ ॥ ਰਾਮ ਭਜਨ ਬਿਨੁ ਕਾਮਿ ਨ ਆਵਸਿ ਸੰਗਿ ਨ ਕਾਹੂ ਜਾਈ ॥ ੨॥ ਹਉ ਹਉ ਕਰਤ ਬਿਹਾਇ ਅਵਰਦਾ ਜੀਅ ਕੋ ਕਾਮੁ ਨ ਕੀਨਾ ॥ ਧਾਵਤ ਧਾਵਤ ਨਹ ਤ੍ਰਿਪਤਾਸਿਆ ਰਾਮ ਨਾਮੁ ਨਹੀ ਚੀਨਾ ॥ ੩॥ ਸਾਦ ਬਿਕਾਰ ਬਿਖੈ ਰਸ ਮਾਤੋ ਅਸੰਖ ਖਤੇ ਕਰਿ ਫੇਰੇ ॥ ਨਾਨਕ ਕੀ ਪ੍ਰਭ ਪਾਹਿ ਬਿਨੰਤੀ ਕਾਟਹੁ ਅਵਗੁਣ ਮੇਰੇ ॥੪॥੧੧॥੨੨॥ {ਪੰਨਾ 615}

ਪਦਅਰਥ:- ਰਤਨੁ—ਹੀਰੇ ਵਰਗਾ ਕੀਮਤੀ ਪ੍ਰਭੂ-ਨਾਮ। ਕਉਡੀ—ਕਉਡੀ ਵਰਗੀ ਤੁੱਛ ਮਾਇਆ। ਸੰਗਿ—ਨਾਲ। ਜਾ ਤੇ—ਜਿਸ (ਮਾਇਆ) ਪਾਸੋਂ। ਮਨ—ਹੇ ਮਨ!।1।

ਪਰਾਨੀ—ਹੇ ਬੰਦੇ! ਕਾਚੀ—ਸਦਾ ਕਾਇਮ ਨਾਹ ਰਹਿਣ ਵਾਲੀ। ਦੇਹ—ਸਰੀਰ। ਅਗਿਆਨੀ—ਹੇ ਮੂਰਖ!। ਰਹਾਉ।

ਮ੍ਰਿਗ ਤ੍ਰਿਸਨਾ—ਠਗ ਨੀਰਾ, ਉਹ ਰੇਤ-ਥਲਾ ਜੋ ਤਿਹਾਏ ਹਰਨ ਨੂੰ ਪਾਣੀ ਜਾਪਦਾ ਹੈ। ਸੁਪਨ ਮਨੋਰਥ—ਸੁਪਨੇ ਵਿਚ ਮਿਲੇ ਪਦਾਰਥ। ਤਾ ਕੀ—ਇਸ (ਮਾਇਆ) ਦੀ। ਕਾਮਿ—ਕੰਮ ਵਿਚ। ਨ ਆਵਸਿ—ਨਹੀਂ ਆਵੇਗੀ। ਕਾਹੂ ਸੰਗਿ—ਕਿਸੇ ਦੇ ਭੀ ਨਾਲ।2।

ਹਉ ਹਉ ਕਰਤ—ਮੈਂ ਮੈਂ ਕਰਦਿਆਂ, ਸਦਾ ਮਾਣ ਕਰਦਿਆਂ। ਬਿਹਾਇ—ਗੁਜ਼ਰ ਜਾਂਦੀ ਹੈ। ਅਵਰਦਾ—ਉਮਰ। ਜੀਅ ਕੋ—ਜਿੰਦ ਦਾ, ਜਿੰਦ ਦੇ ਲਾਭ ਵਾਸਤੇ। ਧਾਵਤ ਧਾਵਤ—ਦੌੜਦਾ ਭਟਕਦਾ। ਤ੍ਰਿਪਤਾਸਿਆ—ਰੱਜਦਾ। ਚੀਨਾ—ਪਛਾਣਿਆ, ਸਾਂਝ ਪਾਈ।3।

ਸਾਦ—ਚਸਕੇ। ਬਿਖੈ ਰਸ—ਪਦਾਰਥਾਂ ਦੇ ਸੁਆਦ। ਮਾਤੋ—ਮਸਤ। ਖਤੇ—ਪਾਪ। ਕਰਿ—ਕਰ ਕੇ। ਫੇਰੇ—ਜਨਮ ਮਰਨ ਦੇ ਗੇੜਾਂ ਵਿਚ। ਪਾਹਿ—ਪਾਸਿ, ਪਾਸ।4।

ਅਰਥ:- ਹੇ ਬੰਦੇ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ। ਹੇ ਗਿਆਨਹੀਨ! ਇਹ ਸਰੀਰ ਸਦਾ ਕਾਇਮ ਰਹਿਣ ਵਾਲਾ ਨਹੀਂ ਹੈ, ਇਹ ਜ਼ਰੂਰ ਨਾਸ ਹੋ ਜਾਂਦਾ ਹੈ। ਰਹਾਉ।

(ਹੇ ਭਾਈ! ਮਾਇਆ-ਵੇੜ੍ਹੇ ਮਨੁੱਖ) ਕੀਮਤੀ ਪ੍ਰਭੂ-ਨਾਮ ਛੱਡ ਕੇ ਕਉਡੀ (ਦੇ ਮੁੱਲ ਦੀ ਮਾਇਆ) ਨਾਲ ਚੰਬੜੇ ਰਹਿੰਦੇ ਹਨ, ਜਿਸ ਪਾਸੋਂ (ਅੰਤ) ਕੁਝ ਭੀ ਪ੍ਰਾਪਤ ਨਹੀਂ ਹੁੰਦਾ। ਹੇ ਮੇਰੇ ਮਨ! ਸਰਬ-ਵਿਆਪਕ ਪਾਰਬ੍ਰਹਮ ਪਰਮੇਸਰ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ।1।

(ਹੇ ਭਾਈ! ਇਹ ਮਾਇਆ) ਠਗ-ਨੀਰਾ ਹੈ (ਜੋ ਤਿਹਾਏ ਹਰਨ ਨੂੰ ਤੜਫਾ ਤੜਫਾ ਕੇ ਮਾਰ ਮੁਕਾਂਦਾ ਹੈ) ਸੁਪਨਿਆਂ ਵਿਚ ਮਿਲੇ ਪਦਾਰਥ ਹੈ, (ਆਤਮਕ ਜੀਵਨ ਵਾਲੇ ਦੇਸ਼ ਵਿਚ) ਇਸ ਮਾਇਆ ਨੂੰ ਕੁਝ ਭੀ ਇੱਜ਼ਤ ਨਹੀਂ ਮਿਲਦੀ। ਪਰਮਾਤਮਾ ਦੇ ਭਜਨ ਤੋਂ ਬਿਨਾ (ਹੋਰ ਕੋਈ ਚੀਜ਼) ਕੰਮ ਨਹੀਂ ਆਉਂਦੀ, ਇਹ ਮਾਇਆ (ਅੰਤ) ਕਿਸੇ ਦੇ ਭੀ ਨਾਲ ਨਹੀਂ ਜਾਂਦੀ।2।

(ਹੇ ਭਾਈ! ਮਾਇਆ-ਵੇੜ੍ਹੇ ਮਨੁੱਖ ਦੀ) ਉਮਰ (ਮਾਇਆ ਦਾ) ਮਾਣ ਕਰਦਿਆਂ ਹੀ ਬੀਤ ਜਾਂਦੀ ਹੈ, ਉਹ ਕੋਈ ਐਸਾ ਕੰਮ ਨਹੀਂ ਕਰਦਾ ਜੋ ਜਿੰਦ ਦੇ ਲਾਭ ਵਾਸਤੇ ਹੋਵੇ। (ਸਾਰੀ ਉਮਰ ਮਾਇਆ ਦੀ ਖ਼ਾਤਰ) ਦੌੜਦਾ ਭਟਕਦਾ ਰਹਿੰਦਾ ਹੈ, ਰੱਜਦਾ ਨਹੀਂ, ਪਰਮਾਤਮਾ ਦੇ ਨਾਮ ਨਾਲ ਸਾਂਝ ਨਹੀਂ ਪਾਂਦਾ।3।

ਹੇ ਭਾਈ! ਮਾਇਆ-ਵੇੜ੍ਹਿਆ ਮਨੁੱਖ ਚਸਕਿਆਂ ਵਿਚ ਵਿਕਾਰਾਂ ਵਿਚ ਪਦਾਰਥਾਂ ਦੇ ਸੁਆਦਾਂ ਵਿਚ ਮਸਤ ਰਹਿੰਦਾ

ਹੈ, ਬੇਅੰਤ ਪਾਪ ਕਰ ਕਰ ਕੇ ਜਨਮ ਮਰਨ ਦੇ ਗੇੜਾਂ ਵਿਚ ਪਿਆ ਰਹਿੰਦਾ ਹੈ। ਹੇ ਭਾਈ! ਨਾਨਕ ਦੀ ਅਰਜ਼ੋਈ ਤਾਂ ਪ੍ਰਭੂ ਪਾਸ ਹੀ ਹੈ (ਨਾਨਕ ਪ੍ਰਭੂ ਨੂੰ ਹੀ ਆਖਦਾ ਹੈ—ਹੇ ਪ੍ਰਭੂ!) ਮੇਰੇ ਔਗੁਣ ਕੱਟ ਦੇਹ।4।11। 22।